ਗੋਂਡ ਮਹਲਾ ੫ ॥ ਹਰਿ ਹਰਿ ਨਾਮੁ ਜਪਹੁ ਮੇਰੇ ਮੀਤ ॥ ਨਿਰਮਲ ਹੋਇ ਤੁਮ੍ਹਾਰਾ ਚੀਤ ॥ ਮਨ ਤਨ ਕੀ ਸਭ ਮਿਟੈ ਬਲਾਇ ॥ ਦੂਖੁ ਅੰਧੇਰਾ ਸਗਲਾ ਜਾਇ ॥ ੧॥ ਹਰਿ ਗੁਣ ਗਾਵਤ ਤਰੀਐ ਸੰਸਾਰੁ ॥ ਵਡ ਭਾਗੀ ਪਾਈਐ ਪੁਰਖੁ ਅਪਾਰੁ ॥ ੧॥ ਰਹਾਉ ॥ ਜੋ ਜਨੁ ਕਰੈ ਕੀਰਤਨੁ ਗੋਪਾਲ ॥ ਤਿਸ ਕਉ ਪੋਹਿ ਨ ਸਕੈ ਜਮਕਾਲੁ ॥ ਜਗ ਮ ਹਿ ਆਇਆ ਸੋ ਪਰਵਾਣੁ ॥ ਗੁਰਮੁਖਿ ਅਪਨਾ ਖਸਮੁ ਪਛਾਣੁ ॥੨॥ ਹਰਿ ਗੁਣ ਗਾਵੈ ਸੰਤ ਪ੍ਰਸਾਦਿ ॥ ਕਾਮ ਕ੍ਰੋਧ ਮਿਟਹਿ ਉਨਮਾਦ ॥ ਸਦਾ ਹਜੂਰਿ ਜਾਣੁ ਭਗਵੰਤ ॥ ਪੂਰੇ ਗੁਰ ਕਾ ਪੂਰਨ ਮੰਤ ॥ ੩॥ ਹਰਿ ਧਨੁ ਖਾਟਿ ਕੀਏ ਭੰਡਾਰ ॥ ਮਿਲਿ ਸਤਿਗੁਰ ਸਭਿ ਕਾਜ ਸਵਾਰ ॥ ਹਰਿ ਕੇ ਨਾਮ ਰੰਗ ਸੰਗਿ ਜਾਗਾ ॥ ਹਰਿ ਚਰਣੀ ਨਾਨਕ ਮਨੁ ਲਾਗਾ ॥੪॥੧੪॥੧੬॥ {ਪੰਨਾ 867}

ਪਦਅਰਥ:- ਮੀਤ—ਹੇ ਮਿੱਤਰ! ਨਿਰਮਲ—ਪਵਿੱਤਰ। ਮਿਟੈ—ਮਿਟ ਜਾਂਦੀ ਹੈ। ਬਲਾਇ—ਬਿਪਤਾ। ਸਗਲਾ—ਸਾਰਾ। ਜਾਇ—ਦੂਰ ਹੋ ਜਾਂਦਾ ਹੈ।1।

ਗਾਵਤ—ਗਾਂਦਿਆਂ। ਤਰੀਐ—ਤਰ ਜਾਈਦਾ ਹੈ। ਵਡਭਾਗੀ—ਵੱਡੇ ਭਾਗਾਂ ਨਾਲ। ਪੁਰਖੁ—ਸਰਬ-ਵਿਆਪਕ ਪ੍ਰਭੂ। ਅਪਾਰੁ—ਅ-ਪਾਰੁ, ਬੇਅੰਤ।1। ਰਹਾਉ।

ਤਿਸ ਕਉ—{ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਕਉ' ਦੇ ਕਾਰਨ ਉੱਡ ਗਿਆ ਹੈ}। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਪਛਾਣੁ—ਸਾਂਝ ਪਾ।2।

ਸੰਤ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ। ਮਿਟਹਿ—ਮਿਟ ਜਾਂਦੇ ਹਨ {ਮਿਟੈ—ਇਕ-ਵਚਨ}। ਉਨਮਾਦ—{aNmwd—madness, insanity} ਝੱਲ-ਪੁਣਾ। ਮੰਤ—ਉਪਦੇਸ਼।3।

ਖਾਟਿ—ਖੱਟ ਕੇ। ਭੰਡਾਰ—ਖ਼ਜ਼ਾਨੇ। ਮਿਲਿ ਸਤਿਗੁਰ—ਗੁਰੂ ਨੂੰ ਮਿਲ ਕੇ। ਸਭਿ—ਸਾਰੇ। ਨਾਮ ਰੰਗ ਸੰਗਿ—ਨਾਮ ਦੇ ਪ੍ਰੇਮ ਨਾਲ। ਸੰਗਿ—ਨਾਲ।4।

ਅਰਥ:- ਹੇ ਭਾਈ! ਪਰਮਾਤਮਾ ਦੇ ਗੁਣ ਗਾਂਦਿਆਂ ਗਾਂਦਿਆਂ ਸੰਸਾਰ (-ਸਮੁੰਦਰ ਤੋਂ) ਪਾਰ ਲੰਘ ਜਾਈਦਾ ਹੈ, (ਭਾਗ ਜਾਗ ਪੈਂਦੇ ਹਨ) ਵੱਡੇ ਭਾਗਾਂ ਨਾਲ ਸਰਬ-ਵਿਆਪਕ ਬੇਅੰਤ ਪ੍ਰਭੂ ਮਿਲ ਪੈਂਦਾ ਹੈ।1। ਰਹਾਉ।

ਹੇ ਮੇਰੇ ਮਿੱਤਰ! ਪਰਮਾਤਮਾ ਦਾ ਨਾਮ ਸਦਾ ਜਪਿਆ ਕਰ, (ਨਾਮ ਦੀ ਬਰਕਤਿ ਨਾਲ) ਤੇਰਾ ਮਨ ਪਵਿੱਤਰ ਹੋ ਜਾਇਗਾ। (ਹੇ ਮਿੱਤਰ! ਨਾਮ ਜਪਿਆਂ) ਮਨ ਦੀ ਸਰੀਰ ਦੀ ਹਰੇਕ ਬਿਪਤਾ ਮਿਟ ਜਾਂਦੀ ਹੈ, ਹਰੇਕ ਦੁੱਖ ਦੂਰ ਹੋ ਜਾਂਦਾ ਹੈ, (ਮਾਇਆ ਦੇ ਮੋਹ ਦਾ) ਸਾਰਾ ਹਨੇਰਾ ਮੁੱਕ ਜਾਂਦਾ ਹੈ।1।

ਹੇ ਮੇਰੇ ਮਿੱਤਰ! ਜੇਹੜਾ ਮਨੁੱਖ ਸ੍ਰਿਸ਼ਟੀ ਦੇ ਪਾਲਣਹਾਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦਾ ਰਹਿੰਦਾ ਹੈ, ਉਸ ਨੂੰ ਮੌਤ ਦਾ ਡਰ ਪੋਹ ਨਹੀਂ ਸਕਦਾ, ਉਸ ਮਨੁੱਖ ਦਾ ਦੁਨੀਆ ਵਿਚ ਆਉਣਾ ਸਫਲ ਹੋ ਜਾਂਦਾ ਹੈ। (ਹੇ ਮਿੱਤਰ! ਤੂੰ ਭੀ) ਗੁਰੂ ਦੀ ਸਰਨ ਪੈ ਕੇ ਆਪਣੇ ਮਾਲਕ-ਪ੍ਰਭੂ ਨਾਲ ਜਾਣ-ਪਛਾਣ ਪਾਈ ਰੱਖ।2।

(ਹੇ ਮਿੱਤਰ! ਜੇਹੜਾ ਮਨੁੱਖ) ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ, (ਉਸ ਦੇ ਅੰਦਰੋਂ) ਕਾਮ ਕ੍ਰੋਧ (ਆਦਿਕ) ਝੱਲ-ਪੁਣੇ ਮਿਟ ਜਾਂਦੇ ਹਨ। (ਹੇ ਮਿੱਤਰ! ਤੂੰ ਭੀ) ਪੂਰੇ ਗੁਰੂ ਦਾ ਸੱਚਾ ਉਪਦੇਸ਼ ਲੈ ਕੇ ਭਗਵਾਨ ਨੂੰ ਸਦਾ ਆਪਣੇ ਅੰਗ-ਸੰਗ ਵੱਸਦਾ ਸਮਝਿਆ ਕਰ।3।

ਹੇ ਨਾਨਕ! ਗੁਰੂ ਨੂੰ ਮਿਲ ਕੇ ਜਿਸ ਮਨੁੱਖ ਨੇ ਹਰਿ-ਨਾਮ ਧਨ ਖੱਟ ਕੇ ਖ਼ਜ਼ਾਨੇ ਭਰ ਲਏ, ਉਸ ਨੇ ਆਪਣੇ ਸਾਰੇ ਹੀ ਕੰਮ ਸੰਵਾਰ ਲਏ। ਹਰਿ-ਨਾਮ ਦੇ ਪ੍ਰੇਮ ਦੀ ਬਰਕਤਿ ਨਾਲ ਉਸ ਦਾ ਮਨ ਜਾਗ ਪੈਂਦਾ ਹੈ (ਕਾਮ ਕ੍ਰੋਧ ਆਦਿਕ ਵਿਕਾਰਾਂ ਵਲੋਂ ਉਹ ਸਦਾ ਸੁਚੇਤ ਰਹਿੰਦਾ ਹੈ) ਉਸ ਦਾ ਮਨ ਪਰਮਾਤਮਾ ਦੇ ਚਰਨਾਂ ਵਿਚ ਜੁੜਿਆ ਰਹਿੰਦਾ

ਹੈ।4।14। 16।